**Vigilance Bureau Punjab**

# VIGILANCE NABS DOCTOR, CONSTABLE IN BRIBERY CASE

Chandigarh, May 1: State Vigilance Bureau arrested a Doctor and Head constable for accepting bribe.

Disclosing this here an official spokesperson of the Vigilance Bureau said Doctor Charan Kamal, Junior Resident posted at Civil Hospital-cum-Medical College, Patiala and Constable Baljinder Singh posted as PS Pasiana, Patiala were arrested in a bribery case. The complaint of Madan Singh of village Kalar Bhaini, Patiala district has approached the VB and alleged that the accused constable was demanding Rs. 50000 for helping him in a criminal case registered against him and the deal was struck at Rs. 30000. It may be mentioned here that the accused constable had already fixed another deal with the accused forensic medicine expert doctor for sharing half of the bribe for helping the complainant in this case.

After verifying his information, the Vigilance team laid a trap and the accused constable arrested on the spot while accepting bribe of Rs.25000 from the complainant in the presence of two official witnesses.

He informed that case under Prevention of Corruption Act has been registered against both the above said accused at VB police station Patiala and further investigations were under progress.

----------------

## ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਵਲੋਂ ਰਿਸ਼ਵਤ ਦੇ ਦੋਸ਼ ਹੇਠ ਡਾਕਟਰ ਤੇ ਸਿਪਾਹੀ ਕਾਬੂ

ਚੰਡੀਗੜ੍ਹ, 1 ਮਈ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਦੇ ਕੇਸ ਵਿੱਚ ਸਿਵਲ ਹਸਪਤਾਲ, ਪਟਿਆਲਾ ਵਿਖੇ ਤਾਇਨਾਤ ਇਕ ਡਾਕਟਰ ਅਤੇ ਥਾਣਾ ਪਸਿਆਣਾ, ਪਟਿਆਲਾ ਵਿਖੇ ਤਾਇਨਾਤ ਇਕ ਸਿਪਾਈ ਨੂੰ ਰਿਸ਼ਵਤ ਦੇ ਕੇਸ ਵਿਚ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਥਾਣਾ ਪਸਿਆਣਾ, ਪਟਿਆਲਾ ਵਿਖੇ ਤਾਇਨਾਤ ਸਿਪਾਹੀ ਬਲਜਿੰਦਰ ਸਿੰਘ ਨੂੰ ਸ਼ਿਕਾਇਤਕਰਤਾ ਮਦਨ ਸਿੰਘ ਵਾਸੀ ਪਿੰਡ ਕੱਲਰ ਭੈਣੀ ਦੀ ਸ਼ਿਕਾਇਤ ’ਤੇ 25000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਵਿਰੁੱਧ ਦਰਜ ਇਕ ਕੇਸ ਵਿਚ ਮਦਦ ਕਰਨ ਬਦਲੇ ਉਕਤ ਸਿਪਾਹੀ ਵਲੋਂ 50000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 30000 ਰੁਪਏ ਵਿਚ ਤੈਅ ਹੋਇਆ ਹੈ। ਇਥੇ ਇਹ ਵੀ ਦੱਸਣਯੋਗ ਹੈ ਕਿ ਦੋਸ਼ੀ ਸਿਪਾਹੀ ਨੇ ਸਿਵਲ ਹਸਪਤਾਲ ਪਟਿਆਲਾ ਵਿਖੇ ਤਾਇਨਾਤ ਫੋਰੈਂਸਿਕ ਦਵਾਈਆਂ ਦੇ ਮਾਹਰ ਡਾਕਟਰ ਚਰਨ ਕਮਲ ਨੂੰ ਇਸ ਕੇਸ ਵਿਚ ਮਦਦ ਕਰਨ ਬਦਲੇ 15000 ਰੁਪਏ ਦੇਣ ਲਈ ਪਹਿਲਾਂ ਹੀ ਗੱਲਬਾਤ ਪੱਕੀ ਕਰ ਰਖੀ ਸੀ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਸਿਪਾਹੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 25,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਉਕਤ ਦੋਸ਼ੀਆਂ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਪਟਿਆਲਾ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।